Tape/CD: 1312

## ਪੰਨਾ ੪੮-੪੯

ਸਿਰੀਰਾਗੁ ਮਹਲਾ ੫ ॥ ਸੋਈ ਸਾਸਤੁ ਸਉਣੁ ਸੋਇ ਜਿਤੁ ਜਪੀਐ ਹਰਿ ਨਾਉ ॥ ਚਰਣ ਕਮਲ ਗੁਰਿ ਧਨੁ ਦੀਆ ਮਿਲਿਆ ਨਿਥਾਵੇ ਥਾਉ ॥ ਸਾਚੀ ਪੂੰਜੀ ਸਚੁ ਸੰਜਮੋ ਆਠ ਪਹਰ ਗੁਣ ਗਾਉ ॥ **ਕਰਿ ਕਿਰਪਾ ਪ੍ਰਭੁ ਭੇਟਿਆ ਮਰਣੁ ਨ ਆਵਣੁ ਜਾਉ ॥** ੧ ॥ ਮੇਰੇ ਮਨ ਹਰਿ ਭਜੁ ਸਦਾ ਇਕ ਰੰਗਿ ॥ ਘਟ ਘਟ ਅੰਤਰਿ ਰਵਿ ਰਹਿਆ ਸਦਾ ਸਹਾਈ ਸੰਗਿ ॥ ੧ ॥ ਰਹਾਉ ॥ ਸੁਖਾ ਕੀ ਮਿਤਿ ਕਿਆ ਗਣੀ ਜਾ ਸਿਮਰੀ ਗੋਵਿੰਦੁ ॥ ਜਿਨ ਚਾਖਿਆ ਸੇ ਤ੍ਰਿਪਤਾਸਿਆ ਉਹ ਰਸੁ ਜਾਣੈ ਜਿੰਦੁ ॥ ਸੰਤਾ ਸੰਗਤਿ ਮਨਿ ਵਸੈ ਪ੍ਰਭੁ ਪ੍ਰੀਤਮੁ ਬਖਸਿੰਦੁ ॥ ਜਿਨਿ ਸੇਵਿਆ ਪ੍ਰਭੁ ਆਪਣਾ ਸੋਈ ਰਾਜ ਨਰਿੰਦੁ ॥ ੨ ॥ ਅਉਸਰਿ ਹਰਿ ਜਸੁ ਗੁਣ ਰਮਣ ਜਿਤੁ ਕੋਟਿ ਮਜਨ ਇਸਨਾਨੁ ॥ ਰਸਨਾ ਉਚਰੈ ਗੁਣਵਤੀ ਕੋਇ ਨ ਪੁਜੈ ਦਾਨੁ ॥ ਦ੍ਰਿਸਟਿ ਧਾਰਿ ਮਨਿ ਤਨਿ ਵਸੈ ਦਇਆਲ ਪੁਰਖੁ ਮਿਹਰਵਾਨੁ ॥ ਜੀਉ ਪਿੰਡੁ ਧਨੁ ਤਿਸ ਦਾ ਹਉ ਸਦਾ ਸਦਾ ਕੁਰਬਾਨੁ ॥ ੩ ॥ ਮਿਲਿਆ ਕਦੇ ਨ ਵਿਛੁੜੈ ਜੋ ਮੇਲਿਆ ਕਰਤਾਰਿ ॥ ਦਾਸਾ ਕੇ ਬੰਧਨ ਕਟਿਆ ਸਾਚੈ ਸਿਰਜਣਹਾਰਿ ॥ ਭੂਲਾ ਮਾਰਗਿ ਪਾਇਓਨੁ ਗੁਣ ਅਵਗੁਣ ਨ ਬੀਚਾਰਿ ॥ ਨਾਨਕ ਤਿਸੁ ਸਰਣਾਗਤੀ ਜਿ ਸਗਲ ਘਟਾ ਆਧਾਰੁ ॥ ੪ ॥ ੧੯ ॥ ੮੯ ॥

ਪੰਨਾ ੪੪-੪੫

ਸ੍ਰੀਰਾਗੁ ਮਹਲਾ ੫ ॥ ਨਾਮੁ ਧਿਆਏ ਸੋ ਸੁਖੀ ਤਿਸੁ ਮੁਖੁ ਊਜਲੁ ਹੋਇ ॥ ਪੂਰੇ ਗੁਰ ਤੇ ਪਾਈਐ ਪਰਗਟੁ ਸਭਨੀ ਲੋਇ ॥ ਸਾਧਸੰਗਤਿ ਕੈ ਘਰਿ ਵਸੈ ਏਕੋ ਸਚਾ ਸੋਇ ॥ ੧ ॥ ਮੇਰੇ ਮਨ ਹਰਿ ਹਰਿ ਨਾਮੁ ਧਿਆਇ ॥ ਨਾਮੁ ਸਹਾਈ ਸਦਾ ਸੰਗਿ ਆਗੈ ਲਏ ਛਡਾਇ ॥ ੧ ॥ ਰਹਾਉ ॥ ਦੁਨੀਆ ਕੀਆ ਵਡਿਆਈਆ ਕਵਨੈ ਆਵਹਿ ਕਾਮਿ ॥ ਮਾਇਆ ਕਾ ਰੰਗੁ ਸਭੁ ਫਿਕਾ ਜਾਤੋ ਬਿਨਸਿ ਨਿਦਾਨਿ ॥ ਜਾ ਕੈ ਹਿਰਦੈ ਹਰਿ ਵਸੈ ਸੋ ਪੂਰਾ ਪਰਧਾਨੁ ॥ ੨ ॥ ਸਾਧੂ ਕੀ ਹੋਹੁ ਰੇਣੁਕਾ ਅਪਣਾ ਆਪੁ ਤਿਆਗਿ ॥ ਉਪਾਵ ਸਿਆਣਪ ਸਗਲ ਛਡਿ ਗੁਰ ਕੀ ਚਰਣੀ ਲਾਗੁ ॥ ਤਿਸਹਿ ਪਰਾਪਤਿ ਰਤਨੁ ਹੋਇ ਜਿਸੁ ਮਸਤਕਿ ਹੋਵੈ ਭਾਗੁ ॥ ੩ ॥ ਤਿਸੈ ਪਰਾਪਤਿ ਭਾਈਹੋ ਜਿਸੁ ਦੇਵੈ ਪ੍ਰਭੁ ਆਪਿ ॥ ਸਤਿਗੁਰ ਕੀ ਸੇਵਾ ਸੋ ਕਰੇ ਜਿਸੁ ਬਿਨਸੈ ਹਉਮੈ ਤਾਪੁ ॥ ਨਾਨਕ ਕਉ ਗੁਰੁ ਭੇਟਿਆ ਬਿਨਸੇ ਸਗਲ ਸੰਤਾਪ ॥ ੪ ॥ ੮ ॥ ੭੮ ॥

Tape/CD: 1312

## ਪੰਨਾ ੭੪੮

ਸੂਹੀ ਮਹਲਾ ੫ ॥ ਜੋ ਕਿਛੁ ਕਰੈ ਸੋਈ ਪ੍ਰਭ ਮਾਨਹਿ ਓਇ ਰਾਮ ਨਾਮ ਰੰਗਿ ਰਾਤੇ ॥ ਤਿਨ੍ ਕੀ ਸੋਭਾ ਸਭਨੀ ਥਾਈ ਜਿਨ੍ ਪ੍ਰਭ ਕੇ ਚਰਣ ਪਰਾਤੇ ॥ ੧ ॥ ਮੇਰੇ ਰਾਮ ਹਰਿ ਸੰਤਾ ਜੇਵਡੁ ਨ ਕੋਈ ॥ ਭਗਤਾ ਬਣਿ ਆਈ ਪ੍ਰਭ ਅਪਨੇ ਸਿਉ ਜਲਿ ਥਲਿ ਮਹੀਅਲਿ ਸੋਈ ॥ ੧ ॥ ਰਹਾਉ ॥ ਕੋਟਿ ਅਪ੍ਰਾਧੀ ਸੰਤਸੰਗਿ ਉਧਰੈ ਜਮੁ ਤਾ ਕੈ ਨੇੜਿ ਨ ਆਵੈ ॥ ਜਨਮ ਜਨਮ ਕਾ ਬਿਛੁੜਿਆ ਹੋਵੈ ਤਿਨ੍ ਹਰਿ ਸਿਉ ਆਣਿ ਮਿਲਾਵੈ ॥ ੨ ॥ ਮਾਇਆ ਮੋਹ ਭਰਮੁ ਭਉ ਕਾਟੈ ਸੰਤ ਸਰਣਿ ਜੋ ਆਵੈ ॥ ਜੇਹਾ ਮਨੋਰਥੁ ਕਰਿ ਆਰਾਧੇ ਸੋ ਸੰਤਨ ਤੇ ਪਾਵੈ ॥ ੩ ॥ ਜਨ ਕੀ ਮਹਿਮਾ ਕੇਤਕ ਬਰਨਉ ਜੋ ਪ੍ਰਭ ਅਪਨੇ ਭਾਣੇ ॥ ਕਹੁ ਨਾਨਕ ਜਿਨ ਸਤਿਗੁਰੁ ਭੇਟਿਆ ਸੇ ਸਭ ਤੇ ਭਏ ਨਿਕਾਣੇ ॥ ੪ ॥ ੪ ॥ ੫੧ ॥

Tape/CD: 1312 ਪੰਨਾ ੨੩੪-੨੩੫

ਗਉੜੀ ਮਹਲਾ ੪ ॥ ਮਨ ਕਰਹਲਾ ਵੀਚਾਰੀਆ ਵੀਚਾਰਿ ਦੇਖੁ ਸਮਾਲਿ ॥ ਬਨ ਫਿਰਿ ਥਕੇ ਬਨ ਵਾਸੀਆ ਪਿਰੁ ਗੁਰਮਤਿ ਰਿਦੈ ਨਿਹਾਲਿ ॥ ੧ ॥ ਮਨ ਕਰਹਲਾ ਗੁਰ ਗੋਵਿੰਦੁ ਸਮਾਲਿ ॥ ੧ ॥ ਰਹਾਉ ॥ ਮਨ ਕਰਹਲਾ ਵੀਚਾਰੀਆ ਮਨਮੁਖ ਫਾਥਿਆ ਮਹਾ ਜਾਲਿ ॥ ਗੁਰਮੁਖਿ ਪ੍ਰਾਣੀ ਮੁਕਤੁ ਹੈ ਹਰਿ ਹਰਿ ਨਾਮੁ ਸਮਾਲਿ ॥ ੨ ॥ ਮਨ ਕਰਹਲਾ ਮੇਰੇ ਪਿਆਰਿਆ ਸਤਸੰਗਤਿ ਸਤਿਗੁਰੁ ਭਾਲਿ ॥ ਸਤਸੰਗਤਿ ਲਗਿ ਹਰਿ ਧਿਆਈਐ ਹਰਿ ਹਰਿ ਚਲੈ ਤੇਰੈ ਨਾਲਿ ॥ ੩ ॥ ਮਨ ਕਰਹਲਾ ਵਡਭਾਗੀਆ ਹਰਿ ਏਕ ਨਦਰਿ ਨਿਹਾਲਿ ॥ ਆਪਿ ਛਡਾਏ ਛੁਟੀਐ ਸਤਿਗੁਰ ਚਰਣ ਸਮਾਲਿ ॥ ੪ ॥ ਮਨ ਕਰਹਲਾ ਮੇਰੇ ਪਿਆਰਿਆ ਵਿਚਿ ਦੇਹੀ ਜੋਤਿ ਸਮਾਲਿ ॥ ਗੁਰਿ ਨਉ ਨਿਧਿ ਨਾਮੁ ਵਿਖਾਲਿਆ ਹਰਿ ਦਾਤਿ ਕਰੀ ਦਇਆਲਿ ॥ ੫ ॥ ਮਨ ਕਰਹਲਾ ਤੂੰ ਚੰਚਲਾ ਚਤੁਰਾਈ ਛਡਿ ਵਿਕਰਾਲਿ ॥ ਹਰਿ ਹਰਿ ਨਾਮੁ ਸਮਾਲਿ ਤੂੰ ਹਰਿ ਮੁਕਤਿ ਕਰੇ ਅੰਤ ਕਾਲਿ ॥ ੬ ॥ ਮਨ ਕਰਹਲਾ ਵਡਭਾਗੀਆ ਤੂੰ ਗਿਆਨੁ ਰਤਨੁ ਸਮਾਲਿ ॥ ਗੁਰ ਗਿਆਨੁ ਖੜਗੁ ਹਥਿ ਧਾਰਿਆ ਜਮੁ ਮਾਰਿਅੜਾ ਜਮਕਾਲਿ ॥ ੭ ॥ ਅੰਤਰਿ ਨਿਧਾਨੁ ਮਨ ਕਰਹਲੇ ਭ੍ਰਮਿ ਭਵਹਿ ਬਾਹਰਿ ਭਾਲਿ ॥ ਗੁਰੁ ਪੁਰਖੁ ਪੂਰਾ ਭੇਟਿਆ ਹਰਿ ਸਜਣੁ ਲਧੜਾ ਨਾਲਿ ॥ ੮ ॥ ਰੰਗਿ ਰਤੜੇ ਮਨ ਕਰਹਲੇ ਹਰਿ ਰੰਗੁ ਸਦਾ ਸਮਾਲਿ ॥ ਹਰਿ ਰੰਗੁ ਕਦੇ ਨ ਉਤਰੈ ਗੁਰ ਸੇਵਾ ਸਬਦੁ ਸਮਾਲਿ ॥ ੯ ॥ ਹਮ ਪੰਖੀ ਮਨ ਕਰਹਲੇ ਹਰਿ ਤਰਵਰੁ ਪੁਰਖੁ ਅਕਾਲਿ ॥ ਵਡਭਾਗੀ ਗੁਰਮੁਖਿ ਪਾਇਆ ਜਨ ਨਾਨਕ ਨਾਮੁ ਸਮਾਲਿ ॥ ੧੦ ॥ ੨ ॥